# SANGRAND HUKAMNAMA FROM SRI DARBAR SAHIB, SRI AMRITSAR.

**[November 15th, 2020 - Sunday - 05:30 AM. IST]**

ਬਾਰਹ ਮਾਹਾ ਮਾਝ ਮਹਲਾ ੫ ਘਰੁ ੪

ੴ ਸਤਿਗੁਰ ਪ੍ਰਸਾਦਿ॥

ਮੰਘਿਰਿ ਮਾਹਿ ਸੋਹੰਦੀਆ ਹਰਿ ਪਿਰ ਸੰਗਿ ਬੈਠੜੀਆਹ ॥ ਤਿਨ ਕੀ ਸੋਭਾ ਕਿਆ ਗਣੀ ਜਿ ਸਾਹਿਬਿ ਮੇਲੜੀਆਹ ॥ ਤਨੁ ਮਨੁ ਮਉਲਿਆ ਰਾਮ ਸਿਉ ਸੰਗਿ ਸਾਧ ਸਹੇਲੜੀਆਹ ॥ ਸਾਧ ਜਨਾ ਤੇ ਬਾਹਰੀ ਸੇ ਰਹਨਿ ਇਕੇਲੜੀਆਹ ॥ ਤਿਨ ਦੁਖੁ ਨ ਕਬਹੂ ਉਤਰੈ ਸੇ ਜਮ ਕੈ ਵਸਿ ਪੜੀਆਹ ॥ ਜਿਨੀ ਰਾਵਿਆ ਪ੍ਰਭੁ ਆਪਣਾ ਸੇ ਦਿਸਨਿ ਨਿਤ ਖੜੀਆਹ ॥ ਰਤਨ ਜਵੇਹਰ ਲਾਲ ਹਰਿ ਕੰਠਿ ਤਿਨਾ ਜੜੀਆਹ ॥ ਨਾਨਕ ਬਾਂਛੈ ਧੂੜਿ ਤਿਨ ਪ੍ਰਭ ਸਰਣੀ ਦਰਿ ਪੜੀਆਹ ॥ ਮੰਘਿਰਿ ਪ੍ਰਭੁ ਆਰਾਧਣਾ ਬਹੁੜਿ ਨ ਜਨਮੜੀਆਹ ॥੧੦॥

ਐਤਵਾਰ, ੦੧ ਮੱਘਰ (ਸੰਮਤ ੫੫੨ ਨਾਨਕਸ਼ਾਹੀ) ੧੫ ਨਵੰਬਰ, ੨੦੨੦ (ਅੰਗ: ੧੩੫)

ਪੰਜਾਬੀ ਵਿਆਖਿਆ:

ਬਾਰਹ ਮਾਹਾ ਮਾਝ ਮਹਲਾ ੫ ਘਰੁ ੪

ੴ ਸਤਿਗੁਰ ਪ੍ਰਸਾਦਿ॥

ਮੱਘਰ ਦੇ ਠੰਡੇ-ਮਿੱਠੇ ਮਹੀਨੇ ਵਿਚ ਉਹ ਜੀਵ-ਇਸਤ੍ਰੀਆਂ ਸੋਹਣੀਆਂ ਲੱਗਦੀਆਂ ਹਨ ਜੋ ਹਰੀ-ਪਤੀ ਦੇ ਨਾਲ ਬੈਠੀਆਂ ਹੁੰਦੀਆਂ ਹਨ। ਜਿਨ੍ਹਾਂ ਨੂੰ ਮਾਲਕ-ਪ੍ਰਭੂ ਨੇ ਆਪਣੇ ਨਾਲ ਮਿਲਾ ਲਿਆ, ਉਹਨਾਂ ਦੀ ਸੋਭਾ ਬਿਆਨ ਨਹੀਂ ਹੋ ਸਕਦੀ । ਸਤ-ਸੰਗੀ ਸਹੇਲੀਆਂ ਦੀ ਸੰਗਤਿ ਵਿਚ ਪ੍ਰਭੂ ਦੇ ਨਾਲ ਚਿੱਤ ਜੋੜ ਕੇ ਉਹਨਾਂ ਦਾ ਸਰੀਰ ਉਹਨਾਂ ਦਾ ਮਨ ਸਦਾ ਖਿੜਿਆ ਰਹਿੰਦਾ ਹੈ। ਪਰ ਜੇਹੜੀਆਂ ਜੀਵ-ਇਸਤ੍ਰੀਆਂ ਸਤਸੰਗੀਆਂ ਦੀ ਸੰਗਤਿ ਤੋਂ ਵਾਂਜੀਆਂ ਰਹਿੰਦੀਆਂ ਹਨ, ਉਹ ਇਕੱਲੀਆਂ ਛੁੱਟੜ ਹੀ ਰਹਿੰਦੀਆਂ ਹਨ ਜਿਵੇਂ ਸੜੇ ਹੋਏ ਤਿਲਾਂ ਦਾ ਬੂਟਾ ਪੈਲੀ ਵਿਚ ਨਿਖਸਮਾ ਰਹਿੰਦਾ ਹੈ। ਇਕੱਲੀ ਨਿਖਸਮੀ ਜਿੰਦ ਨੂੰ ਵੇਖ ਕੇ ਕਾਮਾਦਿਕ ਕਈ ਵੈਰੀ ਆ ਕੇ ਘੇਰ ਲੈਂਦੇ ਹਨ, ਤੇ ਉਹਨਾਂ ਦਾ ਵਿਕਾਰਾਂ ਤੋਂ ਉਪਜਿਆ ਦੁੱਖ ਕਦੇ ਲਹਿੰਦਾ ਨਹੀਂ, ਉਹ ਜਮਾਂ ਦੇ ਵੱਸ ਪਈਆਂ ਰਹਿੰਦੀਆਂ ਹਨ।ਜਿਨ੍ਹਾਂ ਜੀਵ-ਇਸਤ੍ਰੀਆਂ ਨੇ ਪਤੀ - ਪ੍ਰਭੂ ਦਾ ਸਾਥ ਮਾਣਿਆ ਹੈ, ਉਹ ਵਿਕਾਰਾਂ ਦੇ ਹੱਲੇ ਵੱਲੋਂ ਸਦਾ ਸੁਚੇਤ ਦਿੱਸਦੀਆਂ ਹਨ ਵਿਕਾਰ ਉਹਨਾਂ ਉਤੇ ਚੋਟ ਨਹੀਂ ਕਰ ਸਕਦੇ, ਕਿਉਂਕਿ ਪਰਮਾਤਮਾ ਦੇ ਗੁਣਾਨੁਵਾਦ ਉਹਨਾਂ ਦੇ ਹਿਰਦੇ ਵਿਚ ਪ੍ਰੋਤੇ ਰਹਿੰਦੇ ਹਨ, ਜਿਵੇਂ ਹੀਰੇ ਜਵਾਹਰ ਤੇ ਲਾਲਾਂ ਦਾ ਹਾਰ ਗਲ ਵਿਚ ਪਾਇਆ ਹੁੰਦਾ ਹੈ। ਨਾਨਕ ਉਹਨਾਂ ਸਤਸੰਗੀਆਂ ਦੇ ਚਰਨਾਂ ਦੀ ਧੂੜ ਮੰਗਦਾ ਹੈ ਜੋ ਪ੍ਰਭੂ ਦੇ ਦਰ ਤੇ ਪਏ ਰਹਿੰਦੇ ਹਨ ਜੋ ਪ੍ਰਭੂ ਦੀ ਸਰਨ ਵਿਚ ਰਹਿੰਦੇ ਹਨ। ਮੱਘਰ ਵਿਚ ਪਰਮਾਤਮਾ ਦਾ ਸਿਮਰਨ ਕੀਤਿਆਂ ਮੁੜ ਜਨਮ ਮਰਨ ਦਾ ਗੇੜ ਨਹੀਂ ਵਾਪਰਦਾ।੧੦।

English Translation:

BAARAH MAAHAA ~ THE TWELVE MONTHS:
MAAJH, FIFTH MEHL, FOURTH HOUSE:
ONE UNIVERSAL CREATOR GOD.
BY THE GRACE OF THE TRUE GURU:

In the month of Maghar, those who sit with their Beloved Husband Lord are beautiful. How can their glory be measured? Their Lord and Master blends them with Himself. Their bodies and minds blossom forth in the Lord; they have the companionship of the Holy Saints. Those who lack the Company of the Holy, remain all alone. Their pain never departs, and they fall into the grip of the Messenger of Death. Those who have ravished and enjoyed their God, are seen to be continually exalted and uplifted. They wear the Necklace of the jewels, emeralds and rubies of the Lord's Name. Nanak seeks the dust of the feet of those who take to the Sanctuary of the Lord's Door. Those who worship and adore God in Maghar, do not suffer the cycle of reincarnation ever again.|| 10 ||

**Sunday, 01st Maghar (Samvat 552 Nanakshahi) 15th November, 2020 (Page : 135)**